16 ਵੀਂ ਵਿਧਾਨ ਸਭਾ
ਚੌਥਾ (ਬਜਟ) ਸਮਾਗਮ, 2023

# ਪੰਜਾਬ ਵਿਧਾਨ ਸਭਾ

## ਕਾਰਜ-ਸੂਚੀ

**ਵੀਰਵਾਰ, 09 ਮਾਰਚ, 2023**
(10.00 ਵਜੇ ਸਵੇਰੇ)

----------

**I. ਪ੍ਰਸ਼ਨ**

ਵੱਖ ਸੂਚੀ ਵਿਚ ਦਰਜ ਪ੍ਰਸ਼ਨ ਪੁੱਛੇ ਜਾਣਗੇ ਅਤੇ ਉੱਤਰ ਦਿੱਤੇ ਜਾਣਗੇ।

**II. ਧਿਆਨ ਦਿਵਾਊ ਨੋਟਿਸ**

1. **ਸ਼੍ਰੀ ਦਿਨੇਸ਼ ਕੁਮਾਰ ਚੱਢਾ, ਐਮ.ਐਲ.ਏ**:- ਟਰਾਂਸਪੋਰਟ ਮੰਤਰੀ ਦਾ ਧਿਆਨ ਪੰਜਾਬ ਦੇ ਟਰੱਕ ਵਾਲਿਆਂ ਨੂੰ ਹਿਮਾਚਲ ਪ੍ਰਦੇਸ਼ ਤੋਂ ਪੰਜਾਬ ਮਾਲ ਲੈ ਕੇ ਜਾਣ ਦੀ ਆਗਿਆ ਨਾ ਦਿੱਤੇ ਜਾਣ ਵੱਲ ਦਿਵਾਉਣਗੇ।
(ਨੰ: 21)

2. **ਸ਼੍ਰੀਮਤੀ ਸਰਵਜੀਤ ਕੌਰ ਮਾਣੂੰਕੇ, ਐਮ.ਐਲ.ਏ**:- ਟ੍ਰਾਂਸਪੋਰਟ ਮੰਤਰੀ ਦਾ ਧਿਆਨ ਪਬਲਿਕ ਟ੍ਰਾਂਸਪੋਰਟ ਤੇ ਤੰਬਾਕੂ ਅਤੇ ਹੋਰ ਨਸ਼ੀਲੇ ਨੁਕਸਾਨਦਾਇਕ ਪਦਾਰਥਾਂ ਦੇ ਪ੍ਰਚਾਰ ਨੂੰ ਰੋਕਣ ਵੱਲ ਦਿਵਾਉਣਗੇ।
(ਨੰ: 29)

3. (i) **ਸਰਦਾਰ ਤ੍ਰਿਪਤ ਰਾਜਿੰਦਰ ਸਿੰਘ ਬਾਜਵਾ, ਐਮ.ਐਲ.ਏ.**
(ii) **ਸਰਦਾਰ ਬਲਵਿੰਦਰ ਸਿੰਘ ਧਾਲੀਵਾਲ, ਐਮ.ਐਲ.ਏ.**:- ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਦਾ ਧਿਆਨ ਰਾਜ ਵਿੱਚ ਕੈਂਸਰ ਦੇ ਮਰੀਜ਼ ਨੂੰ ਕੈਂਸਰ ਰਾਹਤ ਫੰਡ ਨਾ ਪ੍ਰਾਪਤ ਹੋਣ ਵੱਲ ਦਿਵਾਉਣਗੇ।
(ਨੰ: 38)

**III. ਰਿਪੋਰਟਾਂ ਪੇਸ਼ ਕਰਨੀਆਂ**

1. **ਸਭਾਪਤੀ, ਲੋਕ ਲੇਖਾ ਕਮੇਟੀ**

i) ਸਾਲ 2017-18 ਲਈ ਪੰਜਾਬ ਸਰਕਾਰ ਦੇ ਨਮਿੱਤਣ ਲੇਖਿਆਂ ਤੇ ਲੋਕ ਲੇਖਾ ਕਮੇਟੀ ਦੀ 213 ਵੀਂ ਰਿਪੋਰਟ ਅਤੇ ਸਾਲ 2017-18 ਲਈ ਕਿਰਤ ਵਿਭਾਗ ਨਾਲ ਸਬੰਧਤ ਭਾਰਤ ਦੇ ਕੰਪਟ੍ਰੋਲਰ ਅਤੇ ਆਡੀਟਰ ਜਨਰਲ ਦੀ ਰਿਪੋਰਟ(ਸਿਵਲ) ਪੇਸ਼ ਕਰਨਗੇ ; ਅਤੇ

ii) ਸਾਲ 2014-15 ਲਈ ਪੰਜਾਬ ਸਰਕਾਰ ਦੇ ਨਮਿੱਤਣ ਲੇਖਿਆਂ ਤੇ ਲੋਕ ਲੇਖਾ ਕਮੇਟੀ ਦੀ 214 ਵੀਂ ਰਿਪੋਰਟ ਅਤੇ ਸਾਲ 2014-15 ਲਈ ਮਾਲ, ਮੁੜ ਵਸੇਬਾ ਅਤੇ ਆਫਤਾਂ ਪ੍ਰਬੰਧਨ ਵਿਭਾਗ ਨਾਲ ਸਬੰਧਤ ਭਾਰਤ ਦੇ ਕੰਪਟੋਲਰ ਅਤੇ ਆਡੀਟਰ ਜਨਰਲ ਦੀ ਰਿਪੋਰਟ (ਮਾਲੀਆਂ ਪ੍ਰਾਪਤੀਆਂ) ਪੇਸ਼ ਕਰਨਗੇ।

2. **ਸਭਾਪਤੀ, ਸਰਕਾਰੀ ਕਾਰੋਬਾਰ ਕਮੇਟੀ**

ਪੰਜਾਬ ਰਾਜ ਬੱਸ ਮੈਨੇਜਮੈਂਟ ਕੰਪਨੀ ਲਿਮਟਿਡ(ਪਨਬਸ) ਨਾਲ ਸਬੰਧਤ ਸਾਲ 2017-18 ਲਈ ਸਾਰਵਜਨਿਕ ਖੇਤਰ ਦੇ ਅਦਾਰੇ (ਸਮਾਜਿਕ, ਆਮ ਅਤੇ ਆਰਥਿਕ ਖੇਤਰ) ਤੇ ਭਾਰਤ ਦੇ ਕੰਪਟ੍ਰੋਲਰ ਅਤੇ ਆਡੀਟਰ ਜਨਰਲ ਦੀ ਰਿਪੋਰਟ ਵਿੱਚ ਦਰਜ ਆਡਿਟ ਪੈਰ੍ਹਿਆਂ ਤੇ ਸਰਕਾਰੀ ਕਾਰੋਬਾਰ ਕਮੇਟੀ ਦੀ 120ਵੀਂ ਰਿਪੋਰਟ ਪੇਸ਼ ਕਰਨਗੇ।

**ਪਰਤੋਂ ਜੀ.....**

**IV.** **ਮਤੇ**

| | | |
|---|---|---|
| 1. | **ਡਾਕਟਰ ਚਰਨਜੀਤ ਸਿੰਘ, ਐਮ.ਐਲ.ਏ** | ਇਹ ਸਦਨ ਰਾਜ ਸਰਕਾਰ ਨੂੰ ਸਿਫ਼ਾਰਸ਼ ਕਰਦਾ ਹੈ ਕਿ ਰਾਜ ਵਿੱਚ ਦਵਾਈਆਂ ਦੀ ਵਿਕਰੀ ਅਸਮਾਨੀ ਦਰਾਂ ਤੇ ਫਿਕਸ ਕੀਤੇ ਐਮ.ਆਰ.ਪੀ. ਤੇ ਵੇਚਣ ਕਾਰਨ ਲੋਕਾਂ ਨਾਲ ਹੋ ਰਹੀ ਲੁੱਟ ਨੂੰ ਰੋਕਣ ਲਈ ਮਾਮਲਾ ਕੇਂਦਰ ਸਰਕਾਰ ਨਾਲ ਉਠਾਇਆ ਜਾਵੇ। |
| 2. | **ਸ਼੍ਰੀਮਤੀ ਸਰਵਜੀਤ ਕੌਰ ਮਾਣੂੰਕੇ, ਐਮ.ਐਲ.ਏ** | ਇਹ ਸਦਨ ਪੁਰਜ਼ੋਰ ਸਿਫਾਰਸ਼ ਕਰਦਾ ਹੈ ਕਿ ਸ਼ਹੀਦ ਕਰਤਾਰ ਸਿੰਘ ਸਰਾਭਾ, ਸ਼ਹੀਦ ਭਗਤ ਸਿੰਘ ਅਤੇ ਸ਼ਹੀਦ ਉਧਮ ਸਿੰਘ ਜੀ ਜਿਨ੍ਹਾਂ ਮਹਾਨ ਸ਼ਹੀਦਾਂ ਕਰਕੇ ਅਸੀਂ ਅੱਜ ਅਜ਼ਾਦੀ ਦਾ ਆਨੰਦ ਮਾਣ ਰਹੇ ਹਾਂ, ਨੂੰ ਕੌਮੀ ਸ਼ਹੀਦ ਐਲਾਨਣ ਦਾ ਮਾਮਲਾ ਕੇਂਦਰ ਸਰਕਾਰ ਨਾਲ ਉਠਾਇਆ ਜਾਵੇ। |
| 3. | **ਡਾਕਟਰ ਨਛੱਤਰ ਪਾਲ, ਐਮ.ਐਲ.ਏ** | ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਰਾਜ ਵਿੱਚ ਭੂਮੀਹੀਣ ਮੂਲ ਨਿਵਾਸੀਆਂ ਨੂੰ ਰੋਜੀ-ਰੋਟੀ ਕਮਾਉਣ ਲਈ, ਖੇਤੀਬਾੜੀ ਕਰਨ ਲਈ ਅਤੇ ਬੇਘਰੇ ਲੋਕਾਂ ਨੂੰ ਘਰ ਉਸਾਰਨ ਲਈ ਪਿੰਡਾਂ ਦੀਆਂ ਸਾਂਝੀਆਂ ਜ਼ਮੀਨਾਂ ਵਿੱਚੋਂ ਮੁਫ਼ਤ ਜ਼ਮੀਨ/ਪਲਾਟ ਅਲਾਟ ਕੀਤੇ ਜਾਣ ਜਾਂ ਸਰਕਾਰੀ ਨੌਕਰੀ ਦੇਣ ਸਬੰਧੀ ਤੁਰੰਤ ਕਾਰਵਾਈ ਕੀਤੀ ਜਾਵੇ |
| 4. | **ਸਰਦਾਰ ਸੁਖਵਿੰਦਰ ਸਿੰਘ ਕੋਟਲੀ, ਐਮ.ਐਲ.ਏ** | ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਰਾਜ ਵਿੱਚ ਰੁਜਗਾਰ ਦੇ ਅਵਸਰ ਪੈਦਾ ਕਰਕੇ ਨੌਜਵਾਨਾਂ ਨੂੰ ਵਿਦੇਸ਼ ਜਾਣ ਤੋਂ ਰੋਕਣ ਲਈ ਤੁਰੰਤ ਕਦਮ ਚੁੱਕੇ ਜਾਣ। |
| 5. | **ਡਾਕਟਰ ਸੁਖਵਿੰਦਰ ਕੁਮਾਰ, ਐਮ.ਐਲ.ਏ** | ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਰਾਜ ਵਿੱਚ ਨੌਜਵਾਨਾਂ ਵੱਲੋਂ ਨਸ਼ੇ ਕਰਨ ਜਾ ਨਸ਼ੇ ਦੀ ਓਵਰ ਡੋਜ਼ ਕਰਕੇ ਲੱਗ ਰਹੀਆਂ ਭਿਆਨਕ ਬਿਮਾਰੀਆਂ ਦੇ ਕਾਰਨ ਹੋ ਰਹੀ ਦੁਖਦਾਈ ਮੌਤਾਂ ਨੂੰ ਰੋਕਣ ਲਈ ਢੁੱਕਵੇਂ ਉਪਰਾਲੇ ਕੀਤੇ ਜਾਣ। |
| 6. | **ਸਰਦਾਰ ਬਲਵਿੰਦਰ ਸਿੰਘ ਧਾਲੀਵਾਲ, ਐਮ.ਐਲ.ਏ** | ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਰਾਜ ਵਿੱਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਨੂੰ ਠੱਲ੍ਹ ਪਾਉਣ ਲਈ, ਨੌਜਵਾਨਾਂ ਦੁਆਰਾ ਇਸ ਦੀ ਦੁਰਵਰਤੋਂ ਨੂੰ ਰੋਕਣ ਲਈ, ਪ੍ਰਭਾਵਿਤ ਲੋਕਾਂ ਦੇ ਨਸ਼ਾਮੁਕਤੀ ਅਤੇ ਪੁਨਰਵਾਸ ਲਈ ਵਿਸਤ੍ਰਿਤ ਯੋਜਨਾ ਲਿਆਂਦੀ ਜਾਵੇ। |
| 7. | **ਸਰਦਾਰ ਮਨਪ੍ਰੀਤ ਸਿੰਘ ਇਯਾਲੀ, ਐਮ.ਐਲ.ਏ** | ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਪਹਿਲਾਂ ਤੋਂ ਐਲਾਨੇ ਹੋਏ ਪ੍ਰੋਗਰਾਮ ਅਨੁਸਾਰ ਰਾਜ ਦੇ ਸਾਰੇ ਬੇਰੁਜ਼ਗਾਰ ਨੌਜਵਾਨਾਂ ਨੂੰ 5000/- ਰੁਪਏ ਪ੍ਰਤੀ ਮਹੀਨਾ ਬੇਰੁਜ਼ਗਾਰੀ ਭੱਤਾ ਦੇਣ ਦੀ ਤੁਰੰਤ ਸ਼ੁਰੂਆਤ ਕੀਤੀ ਜਾਵੇ। |

**ਪਰਤੋ ਜੀ...**

| | | |
|---|---|---|
| 8. | **ਸ਼੍ਰੀਮਤੀ ਗਨੀਵ ਕੌਰ ਮਜੀਠੀਆ, ਐਮ.ਐਲ.ਏ** | ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਆਮ ਆਦਮੀ ਪਾਰਟੀ ਵੱਲੋਂ ਪਹਿਲਾਂ ਤੋਂ ਦਿੱਤੀ ਗਈ ਗਾਰੰਟੀ ਅਨੁਸਾਰ ਰਾਜ ਦੀਆਂ 18 ਸਾਲ ਤੋਂ ਵੱਧ ਉਮਰ ਦੀਆਂ ਸਾਰੀਆਂ ਮਹਿਲਾਵਾਂ ਨੂੰ 1000/- ਰੁਪਏ ਪ੍ਰਤੀ ਮਹੀਨਾ ਦੇਣ ਦੀ ਤੁਰੰਤ ਸ਼ੁਰੂਆਤ ਕੀਤੀ ਜਾਵੇ। |
| 9. | **ਸ਼੍ਰੀ ਸੰਦੀਪ ਜਾਖੜ, ਐਮ.ਐਲ.ਏ** | ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਰਾਜ ਵਿੱਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਨੂੰ ਠੱਲ੍ਹ ਪਾਉਣ ਲਈ, ਨੌਜਵਾਨਾਂ ਦੁਆਰਾ ਇਸ ਦੀ ਦੁਰਵਰਤੋ ਨੂੰ ਰੋਕਣ ਲਈ, ਪ੍ਰਭਾਵਿਤ ਲੋਕਾਂ ਦੇ ਨਸ਼ਾਮੁਕਤੀ ਅਤੇ ਪੁਨਰਵਾਸ ਲਈ ਵਿਸਤ੍ਰਿਤ ਯੋਜਨਾ ਲਿਆਂਦੀ ਜਾਵੇ। |
| 10. | **ਸ. ਅਮਰਿੰਦਰ ਸਿੰਘ ਰਾਜਾ ਵੜਿੰਗ, ਐਮ.ਐਲ.ਏ** | ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਰਾਜ ਵਿੱਚ ਰੁਜਗਾਰ ਦੇ ਅਵਸਰ ਪੈਦਾ ਕਰਕੇ ਨੌਜਵਾਨਾਂ ਨੂੰ ਵਿਦੇਸ਼ ਜਾਣ ਤੋਂ ਰੋਕਣ ਲਈ ਤੁਰੰਤ ਕਦਮ ਚੁੱਕੇ ਜਾਣ। |

**ਚੰਡੀਗੜ੍ਹ:**
07 **ਮਾਰਚ**, 2023

**ਸੁਰਿੰਦਰ ਪਾਲ,**
**ਸਕੱਤਰ** ।

---------